ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ
ਐਟ ਪੰ.ਸ.ਸਿੱ.ਬੋਰਡ ਕੰਪਲੈਕਸ, ਫੇਜ਼-VIII, ਐਸ.ਏ.ਐਸ. ਨਗਰ।
(ਕੋਆਰਡੀਨੇਸ਼ਨ ਸ਼ਾਖਾ)

---

ਸੇਵਾ ਵਿਖੇ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ), ਪੰਜਾਬ।

ਮੀਮੋ ਨੰ. 73870/DPISE-Cord/26/2025 169591
ਮਿਤੀ: 18-06-2025

ਵਿਸ਼ਾ:- ਆਬਕਾਰੀ ਤੇ ਕਰ ਵਿਭਾਗ ਦੇ ਖੇਤਰੀ ਦਫਤਰਾਂ ਅਧੀਨ ਸੀਨੀਅਰ ਸਹਾਇਕ ਦੀਆਂ ਅਸਾਮੀਆਂ ਬਦਲੀ ਦੀ ਵਿਧੀ ਰਾਹੀਂ ਭਰਨ ਸਬੰਧੀ।

ਹਵਾਲਾ:- ਪੰਜਾਬ ਸਰਕਾਰ, ਆਬਕਾਰੀ ਤੇ ਕਰ ਵਿਭਾਗ (ਆਬਕਾਰੀ ਤੇ ਕਰ -02 ਸ਼ਾਖਾ) ਦਾ ਪੱਤਰ ਨੰ. FCS-EF-12019/35/2024-ET 2(9) /8947-50 ਮਿਤੀ 10.06.2025.

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਨੂੰ ਯੋਗ ਕਾਰਵਾਈ ਹਿੱਤ ਭੇਜੀ ਜਾਂਦੀ ਹੈ।

ਨੱਥੀ: ਉਕਤ ਅਨੁਸਾਰ

18.06.25

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

ਪਿੱ.ਅੰ. ਨੰ. ਉਕਤ/2025169592-594 ਮਿਤੀ 18-06-2025

ਉਤਾਰਾ ਹੇਠ ਲਿਖਿਆ ਨੂੰ ਯੋਗ ਕਾਰਵਾਈ ਹਿੱਤ ਭੇਜਿਆ ਜਾਦਾ ਹੈ:-

1. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦ. ਡੀ.ਐਸ.ਈ. (ਸੈ/ਐ), ਪੰਜਾਬ।
2. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਡੀ.ਜੀ.ਐਸ.ਈ. ਪੰਜਾਬ।
3. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦ. ਐਸ.ਸੀ.ਈ.ਆਰ.ਟੀ. ਪੰਜਾਬ।

18.06.25

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

ਪੰਜਾਬ ਸਰਕਾਰ
ਆਬਕਾਰੀ ਤੇ ਕਰ ਵਿਭਾਗ
(ਆਬਕਾਰੀ ਤੇ ਕਰ-2 ਸ਼ਾਖਾ)

ਸੇਵਾ ਵਿਖੇ

1. ਰਾਜ ਦੇ ਸਮੂਹ ਵਿਭਾਗਾਂ ਦੇ ਮੁਖੀ।
2. ਰਾਜ ਦੇ ਸਮੂਹ ਮੰਡਲ ਕਮਿਸ਼ਨਰ।
3. ਰਾਜ ਦੇ ਸਮੂਹ ਡਿਪਟੀ ਕਮਿਸ਼ਨਰ।
4. ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ।

ਮੀਮੋ ਨੰ. **FCS-ET-12019/35/2024-ET 2(9)/**8947-50
ਚੰਡੀਗੜ੍ਹ ਮਿਤੀ 10-6-25

ਵਿਸ਼ਾ:- ਆਬਕਾਰੀ ਤੇ ਕਰ ਵਿਭਾਗ ਦੇ ਖੇਤਰੀ ਦਫਤਰਾਂ ਅਧੀਨ ਸੀਨੀਅਰ ਸਹਾਇਕ ਦੀਆਂ ਅਸਾਮੀਆਂ ਬਦਲੀ ਦੀ ਵਿਧੀ ਰਾਹੀਂ ਭਰਨ ਸਬੰਧੀ।

ਇਹ ਸੂਚਿਤ ਕੀਤਾ ਜਾਂਦਾ ਹੈ ਕਿ ਆਬਕਾਰੀ ਤੇ ਕਰ ਵਿਭਾਗ ਅਧੀਨ ਖੇਤਰੀ ਦਫਤਰਾਂ ਵਿੱਚ ਸੀਨੀਅਰ ਸਹਾਇਕ ਦੀਆਂ ਅਸਾਮੀਆਂ ਤੇ ਤੈਨਾਤ ਵਿਅਕਤੀਆਂ ਦੀਆਂ ਸੇਵਾਵਾਂ ਸ਼ਰਤਾਂ The Punjab Excise and Taxation Department (Subordinate Offices) (Group-B) Rules, 2022 ਵਿੱਚ ਕੀਤੇ ਗਏ ਉਪਬੰਧਾਂ ਰਾਹੀਂ ਸੰਚਾਲਿਤ ਕੀਤੀਆਂ ਜਾਂਦੀਆਂ ਹਨ। ਇਨ੍ਹਾਂ ਨਿਯਮਾਂ ਵਿੱਚ ਕੀਤੇ ਗਏ ਉਪਬੰਧਾਂ ਅਨੁਸਾਰ ਸੀਨੀਅਰ ਸਹਾਇਕ ਦੀਆਂ ਅਸਾਮੀਆਂ ਰਾਜ ਸਰਕਾਰ ਦੇ ਦੂਜੇ ਵਿਭਾਗਾਂ ਵਿੱਚ ਕੰਮ ਕਰ ਰਹੇ ਸੀਨੀਅਰ ਸਹਾਇਕਾਂ ਵਿਚੋਂ ਬਦਲੀ ਰਾਹੀਂ ਭਰੀਆਂ ਜਾ ਸਕਦੀਆਂ ਹਨ। ਇਸ ਵਿਭਾਗ ਵਿੱਚ ਸੀਨੀਅਰ ਸਹਾਇਕਾਂ ਦੀਆਂ 9 ਅਸਾਮੀਆਂ ਬਦਲੀ ਦੀ ਵਿਧੀ ਰਾਹੀਂ ਭਰਨ ਦਾ ਫੈਸਲਾ ਕੀਤਾ ਗਿਆ ਹੈ। ਆਪ ਦੇ ਵਿਭਾਗ ਵਿੱਚ ਜਿਹੜੇ ਕਰਮਚਾਰੀ ਬਤੌਰ ਸੀਨੀਅਰ ਸਹਾਇਕ ਦੀ ਅਸਾਮੀ ਤੇ ਕੰਮ ਕਰ ਰਹੇ ਹਨ, ਇਸ ਵਿਭਾਗ ਵਿੱਚ ਬਦਲੀ ਰਾਹੀਂ ਨਿਯੁਕਤ ਹੋਣ ਦੇ ਚਾਹਵਾਨ ਹੋਣ, ਪਾਸੋਂ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ।

2. ਉਕਤ ਅਸਾਮੀ ਤੇ ਕੰਮ ਕਰਦੇ ਕਰਮਚਾਰੀਆਂ ਨੇ ਪਰਖਕਾਲ ਪਾਰ ਕੀਤਾ ਹੋਣਾ ਚਾਹੀਦਾ ਹੈ ਅਤੇ ਉਨ੍ਹਾਂ ਦਾ ਸੇਵਾ ਰਿਕਾਰਡ ਤਸੱਲੀਬਖਸ਼ ਹੋਣਾ ਚਾਹੀਦਾ ਹੈ ਅਤੇ ਉਨ੍ਹਾਂ ਵਿਰੁੱਧ ਕਿਸੇ ਪ੍ਰਕਾਰ ਦੀ ਕੋਈ ਅਨੁਸ਼ਾਸਨੀ ਕਾਰਵਾਈ ਜਾਂ ਵਿਜੀਲੈਂਸ ਪੜਤਾਲ ਪੈਂਡਿੰਗ ਨਹੀਂ ਹੋਣੀ ਚਾਹੀਦੀ। ਜਿਹੜੇ ਕਰਮਚਾਰੀ ਆਬਕਾਰੀ ਤੇ ਕਰ ਵਿਭਾਗ ਵਿੱਚ ਬਦਲੀ ਰਾਹੀਂ ਨਿਯੁਕਤ ਹੋਣ ਦੇ ਚਾਹਵਾਨ ਹੋਣ, ਉਨਾਂ ਦੀਆਂ ਅਰਜੀਆਂ ਸਮੇਤ ਉਨ੍ਹਾਂ ਦਾ ਸੇਵਾ ਰਿਕਾਰਡ ਸਿਫਾਰਸ਼ ਸਹਿਤ ਇਸ ਵਿਭਾਗ ਨੂੰ ਇਸ ਪੱਤਰ ਦੇ ਜਾਰੀ ਹੋਣ ਤੋਂ 21 ਦਿਨਾਂ ਦੇ ਅੰਦਰ-ਅੰਦਰ ਭੇਜਿਆ ਜਾਵੇ।

3. ਬਦਲੀ ਦੀ ਵਿਧੀ ਰਾਹੀਂ ਨਿਯੁਕਤ ਕਰਮਚਾਰੀਆਂ ਨੂੰ ਇੱਕ ਸਾਲ ਦੇ ਸਮੇਂ ਲਈ ਇਸ ਵਿਭਾਗ ਵਿੱਚ ਪਰਖਕਾਲ ਅਧੀਨ ਰਹਿਣਾ ਹੋਵੇਗਾ ਅਤੇ ਉਨ੍ਹਾਂ ਦੀ ਤਨਖਾਹ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ, ਜਿਲਦ-1, ਭਾਗ-1 ਵਿੱਚ ਕੀਤੇ ਗਏ ਉਪਬੰਧਾਂ ਅਤੇ ਸਰਕਾਰ ਵਲੋਂ ਸਮੇਂ-ਸਮੇਂ ਤੇ ਜਾਰੀ ਹਦਾਇਤਾਂ ਅਨੁਸਾਰ ਨਿਸ਼ਚਿਤ ਕੀਤੀ ਜਾਵੇਗੀ।

4. ਇਹ ਪੱਤਰ ਸਮਰੱਥ ਅਥਾਰਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਜਾਂਦਾ ਹੈ।

ਗੁਰਮੀਤ ਕੌਰ
ਅਧੀਨ ਸਕੱਤਰ
ਆਬਕਾਰੀ ਤੇ ਕਰ ਵਿਭਾਗ

ਪਿ.ਅੰ.ਨੰ.**FCS-ET-12025/13/2024-ET2(6)/** 8951 ਚੰਡੀਗੜ੍ਹ ਮਿਤੀ 10-6-25
ਉਤਾਰਾ ਰਾਜ ਕਰ ਕਮਿਸ਼ਨਰ, ਪੰਜਾਬ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਗੁਰਮੀਤ ਕੌਰ
ਅਧੀਨ ਸਕੱਤਰ
ਆਬਕਾਰੀ ਤੇ ਕਰ ਵਿਭਾਗ